ਪ੍ਰਭਾਤੀ ਮਹਲਾ ੧ ॥ ਮਾਇਆ ਮੋਹਿ ਸਗਲ ਜਗੁ ਛਾਇਆ ॥ ਕਾਮਣਿ ਦੇਖਿ ਕਾਮਿ ਲੋਭਾਇਆ ॥ ਸੁਤ ਕੰਚਨ ਸਿਉ ਹੇਤੁ ਵਧਾਇਆ ॥ ਸਭੁ ਕਿਛੁ ਅਪਨਾ ਇਕੁ ਰਾਮੁ ਪਰਾਇਆ ॥ ੧॥ ਐਸਾ ਜਾਪੁ ਜਪਉ ਜਪਮਾਲੀ ॥ ਦੁਖ ਸੁਖ ਪਰਹਰਿ ਭਗਤਿ ਨਿਰਾਲੀ ॥੧॥ ਰਹਾਉ ॥ ਗੁਣ ਨਿਧਾਨ ਤੇਰਾ ਅੰਤੁ ਨ ਪਾਇਆ ॥ ਸਾਚ ਸਬਦਿ ਤੁਝ ਮਾਹਿ ਸਮਾਇਆ ॥ ਆਵਾ ਗਉਣੁ ਤੁਧੁ ਆਪਿ ਰਚਾਇਆ ॥ ਸੇਈ ਭਗਤ ਜਿਨ ਸਚਿ ਚਿਤੁ ਲਾਇਆ ॥ ੨॥ ਗਿਆਨੁ ਧਿਆਨੁ ਨਰਹਰਿ ਨਿਰਬਾਣੀ ॥ ਬਿਨੁ ਸਤਿਗੁਰ ਭੇਟੇ ਕੋਇ ਨ ਜਾਣੀ ॥ ਸਗਲ ਸਰੋਵਰ ਜੋਤਿ ਸਮਾਣੀ ॥ ਆਨਦ ਰੂਪ ਵਿਟਹੁ ਕੁਰਬਾਣੀ ॥੩॥ ਭਾਉ ਭਗਤਿ ਗੁਰਮਤੀ ਪਾਏ ॥ ਹਉਮੈ ਵਿਚਹੁ ਸਬਦਿ ਜਲਾਏ ॥ ਧਾਵਤੁ ਰਾਖੈ ਠਾਕਿ ਰਹਾਏ ॥ ਸਚਾ ਨਾਮੁ ਮੰਨਿ ਵਸਾਏ ॥੪॥ ਬਿਸਮ ਬਿਨੋਦ ਰਹੇ ਪਰਮਾਦੀ ॥ ਗੁਰਮਤਿ ਮਾਨਿਆ ਏਕ ਲਿਵ ਲਾਗੀ ॥ ਦੇਖਿ ਨਿਵਾਰਿਆ ਜਲ ਮਹਿ ਆਗੀ ॥ ਸੋ ਬੂਝੈ ਹੋਵੈ ਵਡਭਾਗੀ ॥੫॥ ਸਤਿਗੁਰੁ ਸੇਵੇ ਭਰਮੁ ਚੁਕਾਏ ॥ ਅਨਦਿਨੁ ਜਾਗੈ ਸਚਿ ਲਿਵ ਲਾਏ ॥ ਏਕੋ ਜਾਣੈ ਅਵਰੁ ਨ ਕੋਇ ॥ ਸੁਖਦਾਤਾ ਸੇਵੇ ਨਿਰਮਲੁ ਹੋਇ ॥੬॥ ਸੇਵਾ ਸੁਰਤਿ ਸਬਦਿ ਵੀਚਾਰਿ ॥ ਜਪੁ ਤਪੁ ਸੰਜਮੁ ਹਉਮੈ ਮਾਰਿ ॥ ਜੀਵਨ ਮੁਕਤੁ ਜਾ ਸਬਦੁ ਸੁਣਾਏ ॥ ਸਚੀ ਰਹਤ ਸਚਾ ਸੁਖੁ ਪਾਏ ॥ ੭॥ ਸੁਖਦਾਤਾ ਦੁਖੁ ਮੇਟਣਹਾਰਾ ॥ ਅਵਰੁ ਨ ਸੂਝਸਿ ਬੀਜੀ ਕਾਰਾ ॥ ਤਨੁ ਮਨੁ ਧਨੁ ਹਰਿ ਆਗੈ ਰਾਖਿਆ ॥ ਨਾਨਕੁ ਕਹੈ ਮਹਾ ਰਸੁ ਚਾਖਿਆ ॥੮॥੨॥ {ਪੰਨਾ 1342-1343}

ਪਦ ਅਰਥ:- ਮੋਹਿ—ਮੋਹ ਨੇ। ਛਾਇਆ—ਪ੍ਰਭਾਵਿਤ ਕੀਤਾ ਹੋਇਆ ਹੈ। ਕਾਮਣਿ—ਇਸਤ੍ਰੀ। ਕਾਮਿ—ਕਾਮ-ਵਾਸਨਾ ਵਿਚ। ਸੁਤ—ਪੁੱਤਰ। ਕੰਚਨ—ਸੋਨਾ। ਹੇਤੁ—ਮੋਹ, ਪ੍ਰੇਮ।1।

ਜਪਉ—ਮੈਂ ਜਪਦਾ ਹਾਂ। ਜਪਮਾਲੀ—ਮਾਲਾ ਵਾਂਗ (ਜਿਵੇਂ ਮਾਲਾ ਦੇ ਮਣਕੇ ਕਿਤੇ ਮੁੱਕਦੇ ਨਹੀਂ) ਇਕ-ਤਾਰ। ਪਰਹਰਿ—ਤਿਆਗ ਕੇ। ਨਿਰਾਲੀ—ਨਿਰੀ, ਕੇਵਲ।1। ਰਹਾਉ।

ਗੁਣ ਨਿਧਾਨ—ਹੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ! ਆਵਾਗਉਣੁ—ਜਨਮ ਮਰਨ ਦਾ ਗੇੜ। ਸਚਿ—ਸਦਾ-ਥਿਰ ਪ੍ਰਭੂ ਵਿਚ।2।

ਨਰਹਰਿ—ਪਰਮਾਤਮਾ। ਨਿਰਬਾਣੀ—ਵਾਸਨਾ-ਰਹਿਤ। ਸਰੋਵਰ—ਸਰੋਵਰਾਂ ਵਿਚ, ਸਰੀਰਾਂ ਵਿਚ। ਵਿਟਹੁ—ਤੋਂ।3।

ਵਿਚਹੁ—ਆਪਣੇ ਅੰਦਰੋਂ। ਸਬਦਿ—ਸ਼ਬਦ ਦੀ ਰਾਹੀਂ। ਧਾਵਤੁ—(ਮਾਇਆ ਵੱਲ) ਦੌੜਦਾ ਮਨ। ਮੰਨਿ—ਮਨ ਵਿਚ।4।

ਬਿਸਮ—ਅਸਚਰਜ। ਬਿਨੋਦ—ਚੋਜ ਤਮਾਸ਼ੇ। ਰਹੇ—ਰਹਿ ਜਾਂਦੇ ਹਨ, ਮੁੱਕ ਜਾਂਦੇ ਹਨ। ਪਰਮਾਦੀ—ਪਰਮਾਦ ਪੈਦਾ ਕਰਨ ਵਾਲੇ, ਮਸਤੀ ਪੈਦਾ ਕਰਨ ਵਾਲੇ। ਦੇਖਿ—(ਪਰਮਾਤਮਾ ਨੂੰ) ਵੇਖ ਕੇ। ਜਲ ਮਹਿ—ਨਾਮ-ਜਲ ਵਿਚ ਚੁੱਭੀ ਲਾ ਕੇ। ਆਗੀ—ਅੱਗ, ਤ੍ਰਿਸਨਾ-ਅੱਗ।5।

ਭਰਮੁ—ਭਟਕਣਾ। ਅਨਦਿਨੁ—ਹਰ ਰੋਜ਼, ਹਰ ਵੇਲੇ। ਜਾਗੈ—(ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ। ਸਚਿ—ਸਦਾ-ਥਿਰ ਪ੍ਰਭੂ ਵਿਚ।6।

ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਮਾਰਿ—ਮਾਰ ਕੇ। ਜਾ—ਜਦੋਂ। ਸਚੀ—ਸਦਾ-ਥਿਰ।7।

ਬੀਜੀ—ਦੂਜੀ, ਹੋਰ। ਨਾਨਕੁ ਕਹੈ—ਨਾਨਕ ਆਖਦਾ ਹੈ।8।

ਅਰਥ:- (ਜਿਵੇਂ ਮਾਲਾ ਦੇ ਮਣਕੇ ਮੁੱਕਦੇ ਨਹੀਂ, ਮਣਕਿਆਂ ਦਾ ਗੇੜ ਜਾਰੀ ਰਹਿੰਦਾ ਹੈ) ਮੈਂ ਇਕ-ਤਾਰ (ਸਦਾ) ਅਜੇਹੇ ਤਰੀਕੇ ਨਾਲ ਪਰਮਾਤਮਾ ਦੇ ਗੁਣਾਂ ਦਾ ਜਾਪ ਜਪਦਾ ਹਾਂ ਕਿ ਦੁੱਖਾਂ ਦੀ ਘਬਰਾਹਟ ਤੇ ਸੁਖਾਂ ਦੀ ਲਾਲਸਾ ਛੱਡ ਕੇ ਪ੍ਰਭੂ ਦੀ ਕੇਵਲ (ਪ੍ਰੇਮ-ਭਰੀ) ਭਗਤੀ ਹੀ ਕਰਦਾ ਹਾਂ।1। ਰਹਾਉ।

(ਪ੍ਰਭੂ ਦੇ ਨਾਮ ਤੋਂ ਖੁੰਝੇ ਹੋਏ) ਸਾਰੇ ਜਗਤ ਨੂੰ ਮਾਇਆ ਦੇ ਮੋਹ ਨੇ ਪ੍ਰਭਾਵਿਤ ਕੀਤਾ ਹੋਇਆ ਹੈ (ਕਿਤੇ ਤਾਂ ਇਹ) ਇਸਤ੍ਰੀ ਨੂੰ ਵੇਖ ਕੇ ਕਾਮ-ਵਾਸਨਾ ਵਿਚ ਫਸਦਾ ਹੈ (ਕਿਤੇ ਇਹ ਜਗਤ) ਪੁੱਤਰਾਂ ਤੇ ਸੋਨੇ (ਆਦਿਕ ਧਨ) ਨਾਲ ਪਿਆਰ ਵਧਾ ਰਿਹਾ ਹੈ। (ਜਗਤ ਨੇ ਦਿੱਸਦੀ) ਹਰੇਕ ਚੀਜ਼ ਨੂੰ ਆਪਣੀ ਬਣਾਇਆ ਹੋਇਆ ਹੈ, ਸਿਰਫ਼ ਪਰਮਾਤਮਾ ਨੂੰ ਹੀ (ਇਹ) ਓਪਰਾ ਸਮਝਦਾ ਹੈ।1।

ਹੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ! (ਤੇਰੀ ਕੁਦਰਤਿ ਦਾ) ਕਿਸੇ ਅੰਤ ਨਹੀਂ ਲੱਭਾ। ਜੇਹੜਾ ਮਨੁੱਖ ਤੇਰੀ ਸਦਾ-ਥਿਰ ਰਹਿਣ ਵਾਲੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ ਜੁੜਦਾ ਹੈ ਉਹੋ ਤੇਰੇ ਚਰਨਾਂ ਵਿਚ ਲੀਨ ਰਹਿੰਦਾ ਹੈ (ਉਹ ਤੈਨੂੰ "ਪਰਾਇਆ" ਨਹੀਂ ਜਾਣਦਾ)। ਹੇ ਪ੍ਰਭੂ! ਜਨਮ ਮਰਨ ਦਾ ਗੇੜ ਤੂੰ ਆਪ ਹੀ ਬਣਾਇਆ ਹੈ, ਜਿਨ੍ਹਾਂ ਨੇ ਤੇਰੇ ਸਦਾ-ਥਿਰ ਨਾਮ ਵਿਚ ਚਿੱਤ ਜੋੜਿਆ ਹੈ (ਉਹ ਇਸ ਗੇੜ ਵਿਚ ਨਹੀਂ ਪੈਂਦੇ, ਤੇ) ਉਹੀ (ਤੇਰੇ ਅਸਲ) ਭਗਤ ਹਨ।2।

ਪਰਮਾਤਮਾ ਦੀ ਜੋਤਿ ਸਾਰੇ ਹੀ ਸਰੀਰਾਂ ਵਿਚ ਵਿਆਪਕ ਹੈ (ਫਿਰ ਭੀ) ਉਸ ਵਾਸਨਾ-ਰਹਿਤ ਪ੍ਰਭੂ ਨਾਲ ਡੂੰਘੀ ਸਾਂਝ ਤੇ ਉਸ ਦੇ ਚਰਨਾਂ ਵਿਚ ਜੁੜਨਾ ਸਤਿਗੁਰੂ ਨੂੰ ਮਿਲਣ ਤੋਂ ਬਿਨਾ ਕੋਈ ਮਨੁੱਖ ਨਹੀਂ ਸਮਝ ਸਕਦਾ।

ਮੈਂ ਉਸ ਆਨੰਦ-ਸਰੂਪ ਪਰਮਾਤਮਾ ਤੋਂ ਸਦਕੇ (ਜਾਂਦਾ) ਹਾਂ।3।

ਜੇਹੜਾ ਮਨੁੱਖ ਗੁਰੂ ਦੀ ਮਤਿ ਤੇ ਤੁਰ ਕੇ ਪਰਮਾਤਮਾ ਨਾਲ ਪਿਆਰ ਕਰਨਾ ਸਿੱਖਦਾ ਹੈ ਪਰਮਾਤਮਾ ਦੀ ਭਗਤੀ ਕਰਦਾ ਹੈ, ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਣੇ ਅੰਦਰੋਂ ਹਉਮੈ ਨੂੰ ਸਾੜ ਦੇਂਦਾ ਹੈ, ਉਹ (ਮਾਇਆ ਵੱਲ) ਦੌੜਦੇ ਮਨ ਨੂੰ ਬਚਾ ਲੈਂਦਾ ਹੈ (ਬਾਹਰ ਜਾਂਦੇ ਨੂੰ) ਰੋਕ ਕੇ (ਆਪਣੇ ਅੰਦਰ ਹੀ) ਟਿਕਾ ਲੈਂਦਾ ਹੈ, ਉਹ ਮਨੁੱਖ ਪਰਮਾਤਮਾ ਦਾ ਸਦਾ-ਥਿਰ ਨਾਮ ਆਪਣੇ ਮਨ ਵਿਚ ਵਸਾ ਲੈਂਦਾ ਹੈ।4।

(ਉਸ ਮਨੁੱਖ ਦੇ ਅੰਦਰੋਂ) ਮੋਹ ਦੇ ਮਸਤੀ ਪੈਦਾ ਕਰਨ ਵਾਲੇ ਅਚਰਜ ਚੋਜ ਤਮਾਸ਼ੇ ਖ਼ਤਮ ਹੋ ਜਾਂਦੇ ਹਨ, ਉਸ ਦਾ ਮਨ ਗੁਰੂ ਦੀ ਸਿੱਖਿਆ ਵਿਚ ਪਤੀਜ ਜਾਂਦਾ ਹੈ, ਉਸ ਦੀ ਸੁਰਤਿ ਇਕ ਪ੍ਰਭੂ ਵਿਚ ਜੁੜੀ ਰਹਿੰਦੀ ਹੈ, ਪਰਮਾਤਮਾ ਦਾ ਦਰਸਨ ਕਰ ਕੇ ਪਰਮਾਤਮਾ ਦੇ ਨਾਮ-ਜਲ ਵਿਚ ਚੁੱਭੀ ਲਾ ਕੇ ਉਹ ਆਪਣੇ ਅੰਦਰੋਂ ਤ੍ਰਿਸ਼ਨਾ ਦੀ ਅੱਗ ਬੁਝਾ ਲੈਂਦਾ ਹੈ। ਪਰ ਇਹ ਭੇਤ ਉਹੀ ਸਮਝਦਾ ਹੈ ਜੋ ਚੰਗੇ ਭਾਗਾਂ ਵਾਲਾ ਹੋਵੇ।5।

ਜੇਹੜਾ ਮਨੁੱਖ ਸਤਿਗੁਰੂ ਦੀ ਸਰਨ ਪੈਂਦਾ ਹੈ ਉਹ ਆਪਣੇ ਮਨ ਦੀ ਭਟਕਣਾ ਦੂਰ ਕਰ ਲੈਂਦਾ ਹੈ, ਉਹ ਹਰ ਵੇਲੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ, ਉਹ ਸਦਾ-ਥਿਰ ਪ੍ਰਭੂ ਵਿਚ ਆਪਣੀ ਸੁਰਤਿ ਜੋੜੀ ਰੱਖਦਾ ਹੈ। ਉਹ ਮਨੁੱਖ ਸਿਰਫ਼ ਪਰਮਾਤਮਾ ਨੂੰ ਹੀ ਸੁਖਾਂ ਦਾ ਦਾਤਾ ਸਮਝਦਾ ਹੈ, ਕਿਸੇ ਹੋਰ ਨੂੰ ਨਹੀਂ। ਉਹ ਉਸ ਸੁਖਦਾਤੇ ਨੂੰ ਸਿਮਰਦਾ ਹੈ ਤੇ (ਸਿਮਰਨ ਦੀ ਬਰਕਤਿ ਨਾਲ) ਪਵਿਤ੍ਰ (ਜੀਵਨ ਵਾਲਾ) ਹੋ ਜਾਂਦਾ ਹੈ।6।

ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਕਰ ਕੇ ਉਸ ਮਨੁੱਖ ਦੀ ਸੁਰਤਿ ਸੇਵਾ ਵਲ ਪਰਤਦੀ ਹੈ, ਆਪਣੇ ਅੰਦਰੋਂ ਹਉਮੈ ਮਾਰ ਕੇ ਉਹ, ਮਾਨੋ, ਜਪ ਤਪ ਤੇ ਸੰਜਮ ਕਮਾ ਲੈਂਦਾ ਹੈ। ਸਤਿਗੁਰੂ ਉਸ ਨੂੰ ਆਪਣਾ ਸ਼ਬਦ ਸੁਣਾਂਦਾ ਹੈ ਤੇ ਉਹ ਮਨੁੱਖ ਦੁਨੀਆ ਦੇ ਕਾਰ-ਵਿਹਾਰ ਕਰਦਾ ਹੋਇਆ ਹੀ (ਮਾਇਆ ਦੇ ਮੋਹ ਤੋਂ) ਸੁਤੰਤਰ ਹੋ ਜਾਂਦਾ ਹੈ, ਉਸ ਦੀ ਰਹਤ-ਬਹਤ ਐਸੀ ਹੋ ਜਾਂਦੀ ਹੈ ਕਿ (ਮਾਇਆ ਵੱਲ) ਉਹ ਡੋਲਦਾ ਨਹੀਂ ਤੇ (ਇਸ ਤਰ੍ਹਾਂ) ਉਹ ਸਦਾ ਕਾਇਮ ਰਹਿਣ ਵਾਲਾ ਆਤਮਕ ਆਨੰਦ ਮਾਣਦਾ ਹੈ।7।

ਉਸ ਮਨੁੱਖ ਨੂੰ ਪਰਮਾਤਮਾ ਹੀ ਸੁਖਾਂ ਦੇ ਦੇਣ ਵਾਲਾ ਤੇ ਦੁੱਖਾਂ ਦਾ ਕੱਟਣ ਵਾਲਾ ਦਿੱਸਦਾ ਹੈ (ਇਸ ਵਾਸਤੇ ਪ੍ਰਭੂ ਦੇ ਸਿਮਰਨ ਤੋਂ ਬਿਨਾ) ਉਸ ਨੂੰ ਕੋਈ ਹੋਰ ਕਾਰ (ਲਾਭਦਾਇਕ) ਨਹੀਂ ਸੁੱਝਦੀ। ਉਹ ਮਨੁੱਖ ਆਪਣਾ ਸਰੀਰ ਆਪਣਾ ਮਨ ਤੇ ਆਪਣਾ ਧਨ-ਪਦਾਰਥ ਪਰਮਾਤਮਾ ਦੇ ਅੱਗੇ ਭੇਟ ਰੱਖਦਾ ਹੈ। ਨਾਨਕ ਆਖਦਾ ਹੈ ਕਿ ਉਹ ਮਨੁੱਖ (ਸਭ

ਰਸਾਂ ਤੋਂ) ਸ੍ਰੇਸ਼ਟ ਨਾਮ-ਰਸ (ਸਦਾ) ਚੱਖਦਾ ਹੈ।8।2।